ਸਿਹਤ ਵਿਭਾਗ ਦੀ ਟੀਮ ਨੇ ਕੋਟਪਾ ਦੀ ਉਲੰਘਣਾ ਕਰਨ ਵਾਲੇ ਦੁਕਾਨਦਾਰਾਂ ਦੇ ਕੱਟੇ ਚਲਾਨ



ਫਤਹਿਗੜ੍ਹ ਸਾਹਿਬ, 11 ਨਵੰਬਰ (ਹਰਪ੍ਰੀਤ ਕੌਰ ਟਿਵਾਣਾ): ਸਿਵਲ ਸਰਜਨ ,ਫਤਿਹਗੜ੍ਹ ਸਾਹਿਬ, ਡਾ ਅਰਵਿੰਦ ਪਾਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਦੀ ਟੀਮ ਜਿਸ ਵਿਚ ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਬਲਜਿੰਦਰ ਸਿੰਘ , ਗੁਰਦੀਪ ਸਿੰਘ ,ਡਿਪਟੀ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਅਮਨਪ੍ਰੀਤ ਸਿੰਘ ਸ਼ਾਮਲ ਸਨ ਵੱਲੋਂ ਸਰਹਿੰਦ ਵਿਚ ਖਾਣ ਪੀਣ ਦੀਆਂ ਵਸਤਾਂ ਦੇ ਨਾਲ ਤੰਬਾਕੂ ਉਤਪਾਦ ਵੇਚਣ ਵਾਲੇ ਦੁਕਾਨਦਾਰਾਂ ਦੀ ਚੈਕਿੰਗ ਕੀਤੀ ਗਈ।

ਇਸ ਚੈਕਿੰਗ ਦੌਰਾਨ ਟੀਮ ਵੱਲੋਂ ਸਿਗਰਟ ਐਂਡ ਅਦਰ ਤੰਬਾਕੂ ਪ੍ਰੋਡਕਟ ਐਕਟ (ਕੋਟਪਾ) ਦੀ ਉਲੰਘਣਾ ਕਰਨ ਵਾਲੇ 06 ਦੁਕਾਨਦਾਰਾਂ ਦੇ ਚਲਾਨ ਕੀਤੇ ਗਏ । ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ ਅਰਵਿੰਦ ਪਾਲ ਸਿੰਘ ਨੇ ਦੱਸਿਆ ਕਿ ਖਾਣ-ਪੀਣ ਦੀਆਂ ਵਸਤਾਂ ਦੇ ਨਾਲ ਤੰਬਾਕੂ ਪਦਾਰਥ ਵੇਚਣਾ ਕਾਨੂੰਨੀ ਅਪਰਾਧ ਹੈ ਇਸ ਲਈ ਕੋਟਪਾ ਦੀ ਉਲੰਘਣਾ ਕਰਨ ਵਾਲੇ ਵਿਅਕਤੀਆਂ ਦੀ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਸਮੇ ਸਮੇ ਤੇ ਚੈਕਿੰਗ ਕੀਤੀ ਜਾਂਦੀ ਹੈ ਅਤੇ ਭਵਿੱਖ ਵਿੱਚ ਅਜਿਹਾ ਨਾ ਕਰਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਆਮ ਲੋਕਾਂ ਅਤੇ ਦੁਕਾਨਦਾਰਾਂ ਨੂੰ ਤੰਬਾਕੂ ਸੇਵਨ ਨਾਲ ਮਨੁੱਖੀ ਸਿਹਤ ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵੀ ਜਾਗਰੂਕ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਕਿਸੇ ਵੀ ਰੂਪ ਵਿੱਚ ਤੰਬਾਕੂ ਦੀ ਵਰਤੋਂ ਕਰਨਾ ਮਨੁੱਖੀ ਸਿਹਤ ਲਈ ਹਾਨੀਕਾਰਕ ਹੁੰਦਾ ਹੈ, ਤੰਬਾਕੂ ਪਦਾਰਥਾਂ ਦੇ ਸੇਵਨ ਨਾਲ ਮੂੰਹ, ਗਲੇ, ਫੇਫੜਿਆਂ ਅਤੇ ਸਰੀਰ ਦੇ ਹੋਰ ਅੰਗਾਂ ਦਾ ਕੈਂਸਰ ਹੋਣ ਦਾ ਖ਼ਤਰਾ ਹੁੰਦਾ ਹੈ। ਜਿਲਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਬਲਜਿੰਦਰ ਸਿੰਘ ਨੇ ਕਿਹਾ ਕਿ ਤੰਬਾਕੂ ਕੰਟਰੋਲ ਐਕਟ ਅਨੁਸਾਰ ਖਾਣ ਪੀਣ ਦੀਆਂ ਵਸਤਾਂ ਦੇ ਨਾਲ ਤੰਬਾਕੂ ਪਦਾਰਥ ਵੇਚਣ ,ਜਨਤਕ ਥਾਵਾਂ ਤੇ ਤੰਬਾਕੂਨੋਸ਼ੀ ਕਰਨ, ਸਿਗਰਟ ਅਤੇ ਤੰਬਾਕੂ ਦੀਆਂ ਡੱਬੀਆਂ ਤੇ 80 ਪ੍ਰਤੀਸ਼ਤ ਦੇ ਹਿੱਸੇ ਤੇ ਪਿਕਚੋਰੀਅਲ ਵਾਰਨਿੰਗ ਤੋਂ ਬਿਨਾਂ ਵੇਚਣ, ਇਲੈਕਟਰੋਨਿਕ ਸਿਗਰਟ ਅਤੇ ਹੋਰ ਪਾਬੰਦੀਸ਼ੁਦਾ ਤੰਬਾਕੂ ਪਦਾਰਥਾਂ ਦੀ ਵਿਕਰੀ ਕਰਨ, ਤੰਬਾਕੂ ਪਦਾਰਥਾਂ ਨੂੰ ਪ੍ਰਦਰਸ਼ਿਤ ਕਰਨ, ਆਦਿ ਦੀ ਮਨਾਹੀ ਹੈ। ਓਹਨਾ ਕਿਹਾ ਕਿ ਉਲੰਘਣਾ ਕਰਨ ਵਾਲੇ ਵਿਅਕਤੀ/ ਦੁਕਾਨਦਾਰ ਦਾ ਮੌਕੇ ਤੇ ਚਲਾਣ ਕੀਤਾ ਜਾਂਦਾ ਹੈ ਅਤੇ ਕੋਟਪਾ ਦੀਆਂ ਕਈ ਹੋਰ ਧਾਰਾਵਾਂ ਅੰਦਰ ਕੋਰਟ ਚਲਾਨ ਵੀ ਕੀਤੇ ਜਾ ਸਕਦੇ ਹਨ।

ਵਿਧਾਇਕ ਬੁੱਧਰਾਮ ਵੱਲੋਂ ਖੱਤਰੀਵਾਲਾ ਵਿਖੇ 40 ਲੱਖ ਦੀ ਗ੍ਰਾਂਟ ਨਾਲ ਤਿਆਰ ਸਟੇਡੀਅਮ ਦਾ ਉਦਘਾਟਨ



ਬੁਢਲਾਡਾ, 11 ਨਵੰਬਰ (ਜੀਵਨ ਕੁਮਾਰ): ਪਿੰਡ ਖੱਤਰੀਵਾਲਾ ਵਿਖੇ ਅੱਜ 40 ਲੱਖ ਰੁਪਏ ਦੀ ਗ੍ਰਾਂਟ ਨਾਲ ਤਿਆਰ ਕੀਤੇ ਗਏ ਸਟੇਡੀਅਮ ਦਾ ਉਦਘਾਟਨ ਹਲਕਾ ਬੁਢਲਾਡਾ ਦੇ ਵਿਧਾਇਕ ਪ੍ਰਿੰਸੀਪਲ ਬੁੱਧਰਾਮ ਵੱਲੋਂ ਕੀਤਾ ਗਿਆ। ਇਸ ਮੌਕੇ ਪਿੰਡ ਦੇ ਖਿਡਾਰੀਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਕ੍ਰਿਕਟ ਦੀ ਕਿੱਟ ਅਤੇ ਵਾਲੀਬਾਲ ਦੀ ਪੂਰੀ ਕਿੱਟ ਦੇ ਨਾਲ ਚਾਰ ਵਾਲੀਬਾਲ ਵੀ ਦਿੱਤੀਆਂ ਗਈਆਂ।

ਇਸ ਮੌਕੇ ਪ੍ਰਿੰਸੀਪਲ ਬੁੱਧਰਾਮ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪਿੰਡਾਂ ਵਿੱਚ ਖੇਡ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਉਪਰਾਲੇ ਕਰ ਰਹੀ ਹੈ। ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਦੀਆਂ ਹਨ। ਪਿੰਡਾਂ ਵਿੱਚ ਸਟੇਡੀਅਮ ਬਣਨ ਨਾਲ ਨੌਜਵਾਨਾਂ ਨੂੰ ਆਪਣੀ ਖੇਡ ਪ੍ਰਤਿਭਾ ਨਿਖਾਰਨ ਦਾ ਮੌਕਾ ਮਿਲੇਗਾ ਅਤੇ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਸਿਹਤਮੰਦ ਜੀਵਨ ਵੱਲ ਪ੍ਰੇਰਿਤ ਹੋਣਗੇ।

ਉਨ੍ਹਾਂ ਕਿਹਾ ਕਿ ਹਲਕਾ ਬੁਢਲਾਡਾ ਦੇ ਪਿੰਡਾਂ ਵਿੱਚ ਵਿਕਾਸ ਕਾਰਜ ਪਹਿਲ ਦੇ ਆਧਾਰ 'ਤੇ ਕਰਵਾਏ ਜਾ ਰਹੇ ਹਨ ਅਤੇ ਖੇਡਾਂ ਦੇ ਖੇਤਰ ਵਿੱਚ ਵੀ ਹਰ ਸੰਭਵ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ।

ਇਸ ਮੌਕੇ ਪਿੰਡ ਦੇ ਸਰਪੰਚ ਪ੍ਰੇਮ ਸਿੰਘ, ਜਗਤਾਰ ਸਿੰਘ ਤਾਰੀ (ਪ੍ਰਧਾਨ), ਸੀਤਾ ਸਿੰਘ (ਸੀਨੀਅਰ ਪ੍ਰਧਾਨ), ਗੁਰਜੰਟ ਸਿੰਘ ਅਤੇ ਪਾਰਟੀ ਵਰਕਰਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਖਿਡਾਰੀ, ਪਿੰਡ ਵਾਸੀ ਹਾਜ਼ਰ ਸਨ। ਸਟੇਡੀਅਮ ਦੇ ਉਦਘਾਟਨ ਦੀ ਖੁਸ਼ੀ ਵਿੱਚ ਲੱਡੂ ਵੀ ਵੰਡੇ ਗਏ।

ਬੁਰਜ ਥਰੋੜ ਵਿਖੇ 26 ਲੱਖ 34 ਹਜ਼ਾਰ ਦੀ ਲਾਗਤ ਨਾਲ ਤਿਆਰ ਖੇਡ ਮੈਦਾਨ ਦਾ ਵਿਧਾਇਕ ਬਲਕਾਰ ਸਿੰਘ ਸਿੱਧੂ ਵੱਲੋਂ ਉਦਘਾਟਨ



ਭਗਤਾ ਭਾਈ ਕਾ, 11 ਨਵੰਬਰ (ਸਵਰਨ ਸਿੰਘ ਭਗਤਾ): ਪੰਜਾਬ ਸਰਕਾਰ ਵੱਲੋ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਦੇ ਉਦੇਸ਼ ਨਾਲ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਪਿੰਡ ਬੁਰਜ ਥਰੋੜ ਵਿਖੇ ਕਰੀਬ 26 ਲੱਖ 34 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਮੁੱਖ ਮੰਤਰੀ ਖੇਡ ਮੈਦਾਨ ਦਾ ਉਦਘਾਟਨ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਵੱਲੋ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋ ਅੱਜ ਸੂਬੇ ਦੇ 1000 ਖੇਡ ਮੈਦਾਨ ਖਿਡਾਰੀਆਂ ਅਤੇ ਲੋਕਾਂ ਨੂੰ ਸਮਰਪਿਤ ਕੀਤੇ ਗਏ ਹਨ। ਇਸੇ ਮੁਹਿੰਮ ਤਹਿਤ ਬੁਰਜ ਥਰੋੜ ਵਿਖੇ ਵੀ ਨਵੇਂ ਖੇਡ ਮੈਦਾਨ ਦੀ ਸਹੂਲਤ ਪਿੰਡ ਵਾਸੀਆਂ ਨੂੰ ਮਿਲੀ ਹੈ।

ਇਸ ਮੌਕੇ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਕਿਹਾ ਕਿ ਪਿੰਡਾਂ ਵਿੱਚ ਖੇਡ ਮੈਦਾਨਾਂ ਦੀ ਉਸਾਰੀ ਪੰਜਾਬ ਸਰਕਾਰ ਦਾ ਸ਼ਲਾਘਾਯੋਗ ਉਪਰਾਲਾ ਹੈ। ਇਸ ਨਾਲ ਪੇਂਡੂ ਖੇਤਰਾਂ ਵਿੱਚ ਖੇਡ ਸਹੂਲਤਾਂ ਦਾ ਵਿਸਥਾਰ ਕਰਨਾ ਸਮੇ ਦੀ ਲੋੜ ਹੈ। ਅਜਿਹੇ ਮੈਦਾਨਾਂ ਰਾਹੀ ਪਿੰਡਾਂ ਦੀ ਖੇਡ ਪ੍ਰਤਿਭਾ ਨੂੰ ਅੱਗੇ ਆਉਣ ਅਤੇ ਰਾਜ, ਕੌਮੀ ਤੇ ਕੌਮਾਂਤਰੀ ਪੱਧਰ 'ਤੇ ਆਪਣੀ ਪਛਾਣ ਬਣਾਉਣ ਦੇ ਮੌਕੇ ਮਿਲਣਗੇ।

ਵਿਧਾਇਕ ਸਿੱਧੂ ਨੇ ਪਿੰਡ ਦੇ ਨੌਜਵਾਨਾਂ ਨੂੰ ਖੇਡ ਮੈਦਾਨ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਇਸ ਦੀ ਸਾਂਭ-ਸੰਭਾਲ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ। ਇਸ ਮੌਕੇ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਧੰਨਵਾਦ ਪ੍ਰਗਟਾਇਆ।ਇਸ ਮੌਕੇ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

ਸਾਡੇ ਬਜ਼ੁਰਗ ਸਾਡਾ ਮਾਣ ਪ੍ਰੋਗਰਾਮ ਤਹਿਤ ਡਾਕਟਰੀ ਕੈਂਪ ਲਗਾਇਆ

ਅੰਮ੍ਰਿਤਸਰ, 11 ਨਵੰਬਰ (ਬਬਲੂ ਮਹਾਜਨ): ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਸਿਵਲ ਸਰਜਨ ਅੰਮ੍ਰਿਤਸਰ ਡਾਕਟਰ ਭਾਰਤੀ ਧਵਨ ਦੀ ਅਗਵਾਈ ਹੇਠ 'ਸਾਡੇ ਬਜ਼ੁਰਗ ਸਾਡਾ ਮਾਣ' ਪ੍ਰੋਗਰਾਮ ਅਧੀਨ ਸੈਟਲਾਈਟ ਹਸਪਤਾਲ ਸਕੱਤਰੀ ਬਾਗ਼ ਵਿਖੇ ਬਜ਼ੁਰਗਾਂ ਲਈ ਵਿਸ਼ੇਸ਼ ਮੈਡੀਕਲ ਜਾਂਚ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਵੱਖ-ਵੱਖ ਇਲਾਕਿਆਂ ਤੋਂ ਪਹੁੰਚੇ 150 ਤੋਂ ਵੱਧ ਬਜ਼ੁਰਗਾਂ ਨੇ ਆਪਣੀ ਸਿਹਤ ਦੀ ਜਾਂਚ ਕਰਵਾਈ।

ਇਸ ਮੌਕੇ ਸਿਵਲ ਸਰਜਨ ਡਾ. ਭਾਰਤੀ ਧਵਨ, ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਨੀਲਮ ਭਗਤ ਅਤੇ ਜ਼ਿਲ੍ਹਾ ਐਮ.ਈ.ਆਈ.ਓ ਅਮਰਦੀਪ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਕੈਂਪ ਦੌਰਾਨ ਬਜ਼ੁਰਗਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸੇਵਾਵਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਬਜ਼ੁਰਗਾਂ



ਨਾਲ ਗੱਲਬਾਤ ਕਰਕੇ ਪਿੰਡ ਪੱਧਰ 'ਤੇ ਉਨ੍ਹਾਂ ਨੂੰ ਮਿਲ ਰਹੀਆਂ ਸਿਹਤ ਸਹੂਲਤਾਂ ਸਬੰਧੀ ਜਾਣਕਾਰੀ ਵੀ ਪ੍ਰਾਪਤ ਕੀਤੀ।

ਇਸ ਮੌਕੇ ਸਿਵਲ ਸਰਜਨ ਡਾ. ਭਾਰਤੀ ਧਵਨ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਬਜ਼ੁਰਗਾਂ ਦੀ ਬਿਹਤਰ ਸਿਹਤ ਸੰਭਾਲ ਲਈ ਰਾਸ਼ਟਰੀ ਬਜ਼ੁਰਗ ਸਿਹਤ ਸੰਭਾਲ ਪ੍ਰੋਗਰਾਮ ਤਹਿਤ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸ ਪ੍ਰੋਗਰਾਮ ਅਧੀਨ ਬਜ਼ੁਰਗਾਂ ਨੂੰ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਗੈਰ-ਸੰਚਾਰੀ ਬਿਮਾਰੀਆਂ ਜਿਵੇਂ ਕਿ ਬਲੱਡ ਪ੍ਰੈਸ਼ਰ, ਸ਼ੂਗਰ ਅਤੇ ਕੈਂਸਰ ਦੀ ਸਕ੍ਰੀਨਿੰਗ ਕੀਤੀ ਗਈ। ਇਸ ਤੋਂ ਇਲਾਵਾ ਅੱਖਾਂ, ਕੰਨ, ਨੱਕ ਤੇ ਗਲੇ, ਹੱਡੀਆਂ, ਦੰਦ ਅਤੇ ਇਸਤਰੀ ਰੋਗਾਂ ਦੇ ਮਾਹਿਰ ਡਾਕਟਰਾਂ ਵੱਲੋਂ ਜਾਂਚ ਕੀਤੀ ਗਈ ਅਤੇ ਲੋੜ ਅਨੁਸਾਰ ਮੌਕੇ 'ਤੇ ਹੀ ਵੱਖ-ਵੱਖ ਟੈਸਟ ਕੀਤੇ ਗਏ ਅਤੇ ਮੁਫ਼ਤ ਦਵਾਈਆਂ ਵੀ ਦਿੱਤੀਆਂ ਗਈਆਂ।

ਇਸ ਮੌਕੇ ਜ਼ਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਮੈਡੀਕਲ ਅਫ਼ਸਰ ਡਾ ਸੁਮੀਤਪਾਲ ਸਿੰਘ, ਡਾ. ਸ਼ੈਲਜਾ, ਡਾ. ਰਵਿੰਦਰ ਕੌਰ , ਡਾ ਤਰਨਦੀਪ ਕੌਰ, ਪਲਵਿੰਦਰ ਸਿੰਘ ਧੱਮੂੰ ਸਮੇਤ ਸਮੂਹ ਪੈਰਾਮੈਡੀਕਲ ਸਟਾਫ ਅਤੇ ਆਸ਼ਾ ਵਰਕਰਾਂ ਨੇ ਆਪਣੀਆਂ ਸੇਵਾਵਾਂ ਨਿਭਾਈਆਂ।

ਧੂਰੀ ਵਿੱਚ ਝੋਨੇ ਦੀ ਖ਼ਰੀਦ ਦੇ ਕੋਟੇ ਤੋਂ ਆੜ੍ਹਤੀਏ ਅਸੰਤੁਸ਼ਟ: ਸੋਨੀ ਮੰਡੇਰ

ਧੂਰੀ, 11 ਨਵੰਬਰ (ਰਾਜੇਸ਼ਵਰ ਪਿੰਟੂ, ਅਮਨ ਗਰਗ): ਆੜ੍ਹਤੀਆ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਅਤੇ ਪੰਜਾਬ ਆੜ੍ਹਤੀਆ ਐਸੋਸੀਏਸ਼ਨ ਦੇ ਸੂਬਾ ਮੀਤ ਪ੍ਰਧਾਨ ਐਡਵੋਕੇਟ ਜਤਿੰਦਰ ਸਿੰਘ ਸੋਨੀ ਮੰਡੇਰ ਨੇ ਮੰਡੀਆਂ ਵਿੱਚ ਝੋਨੇ ਦੇ ਚੱਲ ਰਹੇ ਮੌਜੂਦਾ ਖ਼ਰੀਦ ਪ੍ਰਬੰਧਾਂ 'ਤੇ ਅੰਤਸੁਸ਼ਟੀ ਤੇ ਚਿੰਤਾ ਦਾ ਪ੍ਰਗਟਾਵਾ ਕੀਤਾ ਹੈ।



ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੋਸ਼ ਲਾਇਆ ਕਿ ਕੇਂਦਰ ਸਰਕਾਰ ਵੱਲੋਂ ਪਿਛਲੇ ਤਿੰਨ ਸਾਲਾਂ ਦੀ ਆਮਦ ਦੀ ਔਸਤ ਕੱਢ ਕੇ ਮੰਡੀਆਂ ਦਾ ਕੋਟਾ ਮਿਥ ਦਿੱਤਾ ਗਿਆ ਹੈ। ਇਸ ਸਖ਼ਤ ਸ਼ਰਤ ਕਾਰਨ ਜ਼ਿਆਦਾਤਰ ਮੰਡੀਆਂ ਵਿੱਚ ਝੋਨੇ ਦੀ ਫ਼ਸਲ ਚੁੱਕਣ ਖ਼ਲੋਏ ਲਗਭਗ 15 ਫ਼ੀਸਦੀ ਫ਼ਸਲ ਅਜੇ ਵੀ ਖੁੱਲ੍ਹੇ ਵਿੱਚ ਰੁਲ ਰਹੀ ਹੈ।

ਉਨ੍ਹਾਂ ਦੱਸਿਆ ਕਿ ਮੰਡੀਆਂ ਮੀਮਸਾ, ਕੰਧਾਰਗੜ੍ਹ, ਢਢੋਗਲ, ਰਾਜੇਮਾਜਰਾ ਅਤੇ ਦੀਸੀ ਵਿਖੇ ਖ਼ਰੀਦ ਠੱਪ ਹੋ ਚੁੱਕੀ ਹੈ। ਮੰਡੀਆਂ ਵਿੱਚ ਕੋਟਾ ਪੂਰਾ ਹੋਣ ਦਾ ਬਹਾਨਾ ਬਣਾ ਕੇ ਐੱਫ.ਸੀ.ਆਈ. ਅਤੇ ਵੇਅਰ ਹਾਊਸ ਨੇ ਖ਼ਰੀਦ ਤੋਂ ਹੱਥ ਪਿੱਛੇ ਖਿੱਚ ਲਏ ਹਨ। ਸਰਕਾਰ ਨੇ ਹਰੇਕ ਮੰਡੀ ਦਾ ਲਿਮਿਟ ਕੋਟਾ ਤੈਅ ਕਰਕੇ ਸ਼ੈਲਰਾਂ ਦੀ ਅਲਾਟਮੈਂਟ ਕਰਕੇ ਖ਼ਰੀਦ ਬੰਦ ਕਰ ਦਿੱਤੀ ਹੈ, ਜਿਸ ਨਾਲ ਕਿਸਾਨ ਤੇ ਆੜ੍ਹਤੀਏ ਦੋਵੇਂ ਹੀ ਡਾਢੇ ਪ੍ਰੇਸ਼ਾਨ ਹਨ।

ਐਡਵੋਕੇਟ ਮੰਡੇਰ ਨੇ ਤਰਕ ਦਿੱਤਾ ਕਿ ਜਿਨ੍ਹਾਂ ਪਿਛਲੇ ਤਿੰਨ ਸਾਲਾਂ ਦੀ ਔਸਤ ਕੱਢੀ ਗਈ ਹੈ, ਉਨ੍ਹਾਂ ਦਿਨਾਂ ਵਿੱਚ ਕੁਦਰਤੀ ਆਫ਼ਤਾਂ ਅਤੇ ਹੜ੍ਹਾਂ ਦੀ ਮਾਰ ਕਾਰਨ ਝੋਨੇ ਦਾ ਝਾੜ ਕਾਫ਼ੀ ਘਟ ਗਿਆ ਸੀ। ਪਰ ਅੈਤਕੀ ਫ਼ਸਲ ਦਾ ਝਾੜ ਬਹੁਤ ਵਧੀਆ ਨਿਕਲਿਆ ਹੈ, ਜਿਸ ਕਰਕੇ ਮੰਡੀਆਂ ਵਿੱਚ ਝੋਨੇ ਦੀ ਆਮਦ ਵਧੇਰੇ ਹੈ। ਸਰਕਾਰ ਆਪਣੀ ਜ਼ਿੰਮੇਵਾਰੀ ਤੋਂ ਭੱਜ ਰਹੀ ਹੈ ਅਤੇ ਪੂਰੀ ਫ਼ਸਲ ਚੁੱਕਣ ਤੋਂ ਨਾਂਹ-ਨੁੱਕਰ ਕਰ ਰਹੀ ਹੈ।

ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਸ ਗੰਭੀਰ ਮਸਲੇ ਦਾ ਤੁਰੰਤ ਸਥਾਈ ਹੱਲ ਕਰਦਿਆਂ ਕਿਸਾਨਾਂ ਦੀ ਫ਼ਸਲ ਦਾ 'ਦਾਨਾ-ਦਾਨਾ' ਨਾ ਖ਼ਰੀਦਿਆ ਗਿਆ, ਤਾਂ ਆੜ੍ਹਤੀਆ ਐਸੋਸੀਏਸ਼ਨ ਤਿੱਖੇ ਸੰਘਰਸ਼ ਦਾ ਰਾਹ ਅਖ਼ਤਿਆਰ ਕਰਨ ਲਈ ਮਜਬੂਰ ਹੋਵੇਗੀ, ਜਿਸ ਦੀ ਪੂਰੀ ਜ਼ਿੰਮੇਵਾਰੀ ਪ੍ਰਸ਼ਾਸਨ ਤੇ ਸਰਕਾਰ ਦੀ ਹੋਵੇਗੀ।

ਬੈਂਕ ਆਫ਼ ਬੜੌਦਾ Bank of Baroda

ਖੇਤਰੀ ਦਫ਼ਤਰ:- ਜਲੰਧਰ ਖੇਤਰ, 24, ਪਹਿਲੀ ਮੰਜ਼ਿਲ, ਵਿਜੇ ਨਗਰ, ਫੁੱਟਬਾਲ ਚੌਕ, ਜਲੰਧਰ, ਫ਼ੋਨ: Ph.: 0181-5057857, E-mail: RECOVERY.PJKR@bankofbaroda.bank.in

ਸੋਧ

ਇਸ ਵਿੱਚ 11.11.2026 ਨੂੰ ਇੰਡੀਅਨ ਐਕਸਪ੍ਰੈਸ ਅਤੇ ਰੋਜਾਨਾ ਚੜ੍ਹਦੀਕਲਾ ਵਿੱਚ ਪ੍ਰਕਾਸ਼ਿਤ ਈ-ਨਿਲਾਮੀ ਵਿਕਰੀ ਨੋਟਿਸਾਂ ਦਾ ਹਵਾਲਾ ਹੈ, ਇਹ ਸੂਚਿਤ ਕੀਤਾ ਜਾਂਦਾ ਹੈ ਕਿ ਲੜੀ ਨੰਬਰ 1: ਖਾਤਾ- ਮੈਸਰਜ਼ ਟਾਂਡੀ ਫੂੰਡ ਵਰਕਸ ਆਫ਼ ਜੀ.ਟੀ. ਰੋਡ ਜਲੰਧਰ ਸ਼ਾਖਾ, ਕਿਰਪਾ ਕਰਕੇ ਬੋਲੀ ਦੀ ਸ਼ੁਰੂਆਤੀ ਕੀਮਤ "ਰੁ. 24,30,100" ਦੀ ਬਜਾਏ "ਰੁ. 27,30,100" ਪੜ੍ਹੋ। ਅਤੇ ਲੜੀ ਨੰਬਰ 4 ਲਈ: ਖਾਤਾ- ਮੈਸਰਜ਼ ਸ਼ਰਨ ਪਾਲ ਕੋਲਡ ਸਟੋਰੇਜ, ਭਗਵਾਨ ਮਹਾਵੀਰ ਮਾਰਗ ਸ਼ਾਖਾ, ਕਿਰਪਾ ਕਰਕੇ ਬੋਲੀ ਦੀ ਸ਼ੁਰੂਆਤੀ ਕੀਮਤ "ਰੁ. 3,84,05,924" ਦੀ ਬਜਾਏ "ਰੁ. 3,79,10,924" ਪੜ੍ਹੋ। ਸਾਰੇ ਸਬੰਧਤਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਕਿਰਪਾ ਕਰਕੇ ਉਪਰੋਕਤ ਸੋਧਾਂ ਨੂੰ ਧਿਆਨ ਵਿੱਚ ਰੱਖਣ।

ਅਧਿਕਾਰਤ ਅਧਿਕਾਰੀ,
ਮਿਤੀ: 11.11.2026 ਸਥਾਨ: ਜਲੰਧਰ ਬੈਂਕ ਆਫ਼ ਬੜੌਦਾ

ਨਸ਼ਿਆਂ ਵਿਰੁੱਧ ਜਾਗਰੂਕਤਾ ਦਾ ਹੋਕਾ ਦੇਣ ਲਈ ਭਲਕੇ ਅੰਮ੍ਰਿਤਸਰ 'ਚ ਕੱਢੀ ਜਾਵੇਗੀ ਵਿਸ਼ਾਲ ਬਾਈਕਰ ਰੈਲੀ

ਅੰਮ੍ਰਿਤਸਰ, 11 ਨਵੰਬਰ (ਬਬਲੂ ਮਹਾਜਨ): ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ 13 ਨਵੰਬਰ ਨੂੰ ਅੰਮ੍ਰਿਤਸਰ ਵਿਖੇ 'ਪੰਜਾਬ ਅਗੈਂਸਟ ਡਰੱਗਜ਼' ਬੈਨਰ ਹੇਠ ਵਿਸ਼ਾਲ ਬਾਈਕਰ ਰੈ